ਨੰ: 11/73/2005-2ਸਿ 3/ 8155

ਪੰਜਾਬ ਸਰਕਾਰ
ਸਿੱਖਿਆ ਵਿਭਾਗ
(ਸਿੱਖਿਆ-3 ਸ਼ਾਖਾ)

ਸੇਵਾ ਵਿਖੇ

ਪ੍ਰਿੰਸੀਪਲ
ਹੋਲੀ ਮੇਰੀ ਸਕੂਲ,
ਚੰਡੀਗੜ੍ਹ ਰੋਡ ਬਨੂੜ,
ਜ਼ਿਲ੍ਹਾ ਪਟਿਆਲਾ।

ਮਿਤੀ,ਚੰਡੀਗੜ੍ਹ 7.4.2006

ਵਿਸ਼ਾ:- ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਕਰਾਉਣ ਲਈ ਇਤਰਾਜ਼ਹੀਣਤਾ ਸਰਟੀਫਿਕੇਟ ਜਾਰੀ ਕਰਨ ਬਾਰੇ।

****

ਸ੍ਰੀਮਾਨ ਜੀ,

ਉਪਰੋਕਤ ਵਿਸ਼ੇ ਤੇ ਆਪਦੇ ਪੱਤਰ ਨੰ: ਨਿਲ ਮਿਤੀ ਨਿਲ ਦੇ ਹਵਾਲੇ ਵਿੱਚ।

2 ਆਪਦੇ ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜ਼ਾਂ ਸਮੇਤ ਹਲਫੀਆ ਬਿਆਨ, ਜ਼ਿਲ੍ਹਾ ਸਿੱਖਿਆ ਅਫਸਰ (ਸੈ:ਸਿ:), ਪਟਿਆਲਾ ਅਤੇ ਡੀ.ਪੀ.ਆਈ. ਪ੍ਰਾਈਵੇਟ ਕਾਲਜ (ਸ) ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਇਤਰਾਜ਼ਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸਮੇਂ ਰੀਵਿਊ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜ਼ਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਆਧਾਰ ਤੇ ਦਰਖਾਸਤ ਦਿੱਤੀ ਗਈ ਹੈ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆ ਬਿਆਨ ਵਿਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ ਰਿਹਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜ਼ਹੀਣਤਾ ਸਰਟੀਫਿਕੇਟ ਵਾਪਿਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜ਼ਮੀ ਹੋਵੇਗਾ ਸੀ.ਬੀ.ਐਸ.ਈ. ਅਜਿਹੇ ਸਕੂਲਾਂ ਵਿਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜ਼ਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

ਚਲਦਾ ਪੰਨਾ/2

3 ਸੀ.ਬੀ.ਐਸ.ਈ. ਦੀ ਅਫੀਲੀਏਸ਼ਨ ਲਈ ਉਪਰੋਕਤ ਸਕੂਲ ਦੀ ਮੈਨੇਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ ਹੋਰ ਭੱਤੇ ਆਦਿ ਦੇਣ ਲਈ ਵਚਨਬੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜ਼ਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

4 ਤੁਸੀਂ ਖੁਦ ਜਾਂ ਤੁਹਾਡੀ ਮੈਨੇਜਮੈਂਟ ਇਸ ਦੀ ਯਕੀਨੀ ਬਣਾਏਗੀ ਕਿ ਤੁਹਾਡੇ ਜ਼ਿਲ੍ਹੇ ਦੇ ਜ਼ਿਲ੍ਹਾ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀਆਂ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲਬੱਧ ਕਰਵਾਇਆ ਜਾਵੇਗਾ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ।

ਸਕੱਤਰ,ਸਕੂਲ ਸਿੱਖਿਆ

ਪਿੱਠ ਅੰਕਣ ਨੰ:11/78/2005-2ਸ.3/ ਮਿਤੀ,ਚੰਡੀਗੜ੍ਹ:

ਉਤਾਰਾ ਡਾਇਰੈਕਟਰ, ਸਿੱਖਿਆ ਵਿਭਾਗ,ਪ੍ਰਾਇਵੇਟ ਸਕੂਲ (ਸ),ਪੰਜਾਬ,ਚੰਡੀਗੜ੍ਹ ਨੂੰ ਉਨ੍ਹਾਂ ਦੇ ਮੀਮੋ ਨੰ:15/27-05-ਗ੍ਰਾਂਟ-1 (4) ਮਿਤੀ 19-12-2005 ਦੇ ਹਵਾਲੇ ਵਿਚ ਭੇਜ ਕੇ ਬੇਨਤੀ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇੱਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ ਤਾਂ ਜੋ ਇਹ ਪਤਾ ਲਗਦਾ ਰਹੇ ਕਿ ਸਬੰਧਤ ਸਕੂਲ,ਪੰਜਾਬ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਦਾ ਰਿਹਾ ਹੈ ਜਾਂ ਨਹੀਂ।

Chairman
Holy Mary's School
Society (Regd.)
BANUR

ਸਕੱਤਰ,ਸਕੂਲ ਸਿੱਖਿਆ

Principal
HOLY MARY'S SCHOOL
Chandigarh-Patiala Road, Banur